# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

## ਬੋਰਡ ਵੱਲੋਂ ਚੈਕਿੰਗ ਲਈ ਸੇਵਾ ਮੁਕਤ ਆਈ.ਏ.ਐੱਸ/ਪੀ.ਸੀ.ਐੱਸ. ਅਧਿਕਾਰੀਆਂ ਦੀ ਨਿਯੁਕਤੀ ਦਾ ਫੈਸਲਾ

ਐੱਸ.ਏ.ਐੱਸ.ਨਗਰ: 27 ਫਰਵਰੀ ( ) ਅੱਜ ਤੋਂ ਸ਼ੁਰੂ ਹੋ ਰਹੀਆਂ ਬਾਰ੍ਹਵੀਂ ਸ਼੍ਰੇਣੀ ਦੀਆਂ ਸਲਾਨਾ ਪਰੀਖਿਆਵਾਂ ਨੂੰ ਨਕਲ ਅਤੇ ਦੋਸ਼ ਰਹਿਤ ਕਰਵਾਉਣ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੇਵਾ ਮੁਕਤ ਆਈ.ਏ.ਐੱਸ ਅਤੇ ਪੀ.ਸੀ.ਐੱਸ ਅਫਸਰਾਂ ਨੂੰ ਪਰੀਖਿਆ ਕੇਂਦਰਾਂ ਦੇ ਨਿਰੀਖਣ ਲਈ ਨਿਯੁਕਤ ਕੀਤਾ ਜਾ ਰਿਹਾ ਹੈ।

ਸਕੂਲ ਸਿੱਖਿਆ ਸਕੱਤਰ ਕਮ-ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਸ਼੍ਰੀ ਕ੍ਰਿਸ਼ਨ ਕੁਮਾਰ ਵੱਲੋਂ ਪ੍ਰੈੱਸ ਨੂੰ ਜਾਰੀ ਕੀਤੀ ਜਾਣਕਾਰੀ 'ਚ ਦੱਸਿਆ ਗਿਆ ਹੈ ਕਿ ਉਕਤ ਅਧਿਕਾਰੀਆਂ ਦੀਆਂ ਸੇਵਾਵਾਂ ਇਸ ਕਰਕੇ ਲਈਆਂ ਜਾ ਰਹੀਆਂ ਹਨ ਤਾਂ ਜੋ ਉਹਨਾਂ ਦੀ ਕਾਬਲੀਅਤ ਅਤੇ ਤਜ਼ਰਬਿਆਂ ਨੂੰ ਸਿੱਖਿਆ ਖੇਤਰ 'ਚ ਸੁਧਾਰਾਂ ਅਤੇ ਪ੍ਰਬੰਧਾਂ ਲਈ ਉਨ੍ਹਾਂ ਦਾ ਪਰੀਖਿਆਵਾਂ ਪ੍ਰਬੰਧਨ ਲਈ ਭਰਪੂਰ ਲਾਹਾ ਲਿਆ ਜਾ ਸਕੇ।

ਸਿੱਖਿਆ ਸਕੱਤਰ ਨੇ ਦੱਸਿਆ ਕਿ ਹਰੇਕ ਜਿਲ੍ਹੇ ਵਿੱਚ ਪੰਜ-ਪੰਜ ਸੇਵਾ ਮੁਕਤ ਪੀ.ਸੀ.ਐਸ.ਅਤੇ ਆਈ.ਏ.ਐੱਸ. ਅਫਸਰਾਂ ਨੂੰ ਪਰੀਖਿਆ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਨਿਰੀਖਣ ਕਰਨ ਵਾਸਤੇ ਤਾਇਨਾਤ ਕੀਤਾ ਜਾ ਰਿਹਾ ਹੈ।

ਉਹਨਾਂ ਦੱਸਿਆ ਕਿ ਤਾਇਨਾਤ ਉੱਚ ਅਧਿਕਾਰੀਆਂ ਨੂੰ ਸੌਂਪੇ ਗਏ ਖੇਤਰ ਵਿੱਚ ਚੱਲ ਰਹੀਆਂ ਪਰੀਖਿਆਵਾਂ 'ਚ ਬੋਰਡ ਵੱਲੋਂ ਨਿਰਧਾਰਤ ਕੀਤੇ ਗਏ ਪ੍ਰੀਖਿਆ ਸਬੰਧੀ ਨਿਯਮਾਂ ਅਧੀਨ ਕਾਰਵਾਈ ਕਰਨ ਦਾ ਪੂਰਾ ਅਧਿਕਾਰ ਹੋਵੇਗਾ।

ਮਿਤੀ:27.02.2018

ਕੋਮਲ ਸਿੰਘ
ਲੋਕ ਸੰਪਰਕ ਦਫਤਰ
ਪੰਜਾਬ ਸਕੂਲ ਸਿੱਖਿਆ ਬੋਰਡ

Scanned by CamScanner